# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-10-2024**

- ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਅੰਦਰ 13 ਨਵੰਬਰ ਨੂੰ ਹੋਣ ਵਾਲੀਆਂ ਚਾਰ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਨਾ ਲੜਨ ਦਾ ਫ਼ੈਸਲਾ।
- ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਵੱਲੋਂ, 'ਸਵੱਛਤਾ ਦੀ ਲਹਿਰ' ਮੁਹਿੰਮ ਦੀ ਸ਼ੁਰੂਆਤ- ਲੋਕਾਂ ਨੂੰ ਆਪੋ-ਆਪਣੇ ਇਲਾਕਿਆਂ ਵਿੱਚ ਸਾਫ਼-ਸਫਾਈ ਦੀ ਜ਼ਿੰਮੇਵਾਰੀ ਲੈਣ ਦੀ ਕੀਤੀ ਅਪੀਲ।
- ਸਪੀਕਰ ਦੀ ਫਟਕਾਰ ਤੋਂ ਬਾਅਦ, ਪੰਜਾਬ ਵਿਧਾਨ ਸਭਾ ਨੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਸਬੰਧੀ ਪੱਤਰ ਲਿਆ ਵਾਪਸ ਲਿਆ।

- ਭਾਰਤ -ਤਿੱਬਤ ਸਰਹੱਦੀ ਪੁਲਿਸ ਆਪਣਾ 63ਵਾਂ ਸਥਾਪਨਾ ਦਿਵਸ ਮਨਾ ਰਹੀ ਏ -ਪ੍ਰਧਾਨ ਮੰਤਰੀ ਨੇ ਕਿਹਾ- ITBP ਲੋਕਾਂ ਦੀ ਰੱਖਿਆ ਲਈ ਬਹਾਦਰੀ ਅਤੇ ਸਮਰਪਣ ਦਾ ਪ੍ਰਤੀਕ ਏ ।

-----------------------------------------------

ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਅੰਦਰ 13 ਨਵੰਬਰ ਨੂੰ ਹੋਣ ਵਾਲੀਆਂ ਚਾਰ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਨਾ ਲੜਨ ਦਾ ਫ਼ੈਸਲਾ ਲਿਆ ਗਿਆ ਏ । ਪਾਰਟੀ ਦੀ ਵਰਕਿੰਗ ਕਮੇਟੀ ਦੀ ਅੱਜ ਚੰਡੀਗੜ੍ਹ ਵਿਖ਼ੇ ਹੋਈ ਮੀਟਿੰਗ ਵਿੱਚ ਇਸ ਬਾਰੇ ਰਸਮੀ ਤੌਰ ’ਤੇ ਫ਼ੈਸਲਾ ਲਿਆ ਗਿਆ । ਅੱਜ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਵਰਕਿੰਗ ਕਮੇਟੀ ਮੈਂਬਰਾਂ ਤੋਂ ਇਲਾਵਾ ਪਾਰਟੀ ਦੇ ਹਲਕਾ ਇੰਚਾਰਜ ਅਤੇ ਜ਼ਿਲ੍ਹਾ ਪ੍ਰਧਾਨ ਵੀ ਸ਼ਾਮਲ ਹੋਏ ਅਤੇ ਪਾਰਟੀ ਅਨੁਸਾਰ ਇਹ ਫ਼ੈਸਲਾ ਸਰਬਸੰਮਤੀ ਨਾਲ ਲਿਆ ਗਿਆ। ਵਰਕਿੰਗ ਕਮੇਟੀ ਦੇ ਫ਼ੈਸਲੇ ਸੰਬੰਧੀ ਬਾਅਦ ਵਿਚ ਇੱਕ ਪੱਤਰਕਾਰ ਸੰਮੇਲਨ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੀਨੀਅਰ ਆਗੂ ਡਾ: ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਇਹ ਫ਼ੈਸਲਾ ਅਕਾਲ ਤਖ਼ਤ ਦੇ ਉਸ

ਹੁਕਮ ਦੇ ਮੱਦੇਨਜ਼ਰ ਲਿਆ ਗਿਆ ਏ ਜਿਸ ਤਹਿਤ ਸੁਖ਼ਬੀਰ ਸਿੰਘ ਬਾਦਲ ਨੂੰ ਚੋਣ ਪ੍ਰਕ੍ਰਿਆ ਵਿੱਚ ਸ਼ਾਮਲ ਨਾ ਹੋਣ ਦੇ ਹੁਕਮ ਕੀਤੇ ਗਏ ਸਨ। ਜ਼ਿਕਰਯੋਗ ਏ ਕਿ ਪੰਜਾਬ ਅੰਦਰ ਚਾਰ ਜ਼ਿਮਨੀ ਚੋਣਾਂ ਹੋਣ ਜਾ ਰਹੀਆਂ ਹਨ ਜਿਨ੍ਹਾਂ ਵਿੱਚ ਗਿੱਦੜਬਾਹਾ, ਡੇਰਾ ਬਾਬਾ ਨਾਨਕ, ਬਰਨਾਲਾ ਅਤੇ ਚੱਬੇਵਾਲ ਸ਼ਾਮਿਲ ਨੇ।

---------------------------------------------------------

ਭਾਰਤੀ ਜਨਤਾ ਪਟਰੀ ਨੇ ਚੱਬੇਵਾਲ 'ਚ ਹੋਣ ਵਾਲੀ ਜ਼ਿਮਨੀ ਚੋਣ ਲਈ, ਅੱਜ ਸੋਹਣ ਸਿੰਘ ਠੰਡਲ ਨੂੰ ਉਮੀਦਵਾਰ ਐਲਾਨਿਆ ਏ। ਪਾਰਟੀ ਦੇ ਕੌਮੀ ਜਨਰਲ ਸਕੱਤਰ, ਅਰੁਣ ਸਿੰਘ ਵੱਲੋਂ ਸੋਹਣ ਸਿੰਘ ਠੰਡਲ ਦੇ ਨਾਂ ਦਾ ਐਲਾਨ ਕੀਤਾ ਗਿਆ। ਜ਼ਿਕਰਯੋਗ ਏ ਕਿ ਪਾਰਟੀ ਵੱਲੋਂ ਡੇਰਾ ਬਾਬਾ ਨਾਨਕ, ਗਿੱਦੜਬਾਹਾ ਅਤੇ ਬਰਨਾਲਾ ਵਿਚ ਵੀ, 13 ਨਵੰਬਰ ਨੂੰ ਹੋਣ ਵਾਲੀਆਂ ਇਹਨਾਂ ਜ਼ਿਮਨੀ ਚੋਣਾਂ ਲਈ ਉਮੀਦਵਾਰਾਂ ਦੇ ਨਾਂ ਪਹਿਲਾਂ ਹੀ ਐਲਾਨ ਦਿੱਤੇ ਗਏ ਸਨ।

---------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਖੁਦ

ਸਫਾਈ ਕਰਕੇ ਜਲੰਧਰ ਤੋਂ 'ਸਵੱਛਤਾ ਦੀ ਲਹਿਰ' ਮੁਹਿੰਮ ਦੀ ਸ਼ੁਰੂਆਤ ਕੀਤੀ। ਅੱਜ ਤੋਂ 7 ਨਵੰਬਰ ਤੱਕ ਚੱਲਣ ਵਾਲੀ ਇਸ 15 ਰੋਜ਼ਾ ਸਫ਼ਾਈ ਮੁਹਿੰਮ ਦਾ ਉਦੇਸ਼, ਸਮੂਹਿਕ ਜ਼ਿੰਮੇਵਾਰੀ ਵਜੋਂ ਸਵੱਛਤਾ ਦੀ ਮਹੱਤਤਾ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਏ। ਇਸ ਪਹਿਲਕਦਮੀ ਦੀ ਸ਼ੁਰੂਆਤ ਕਰਦਿਆਂ ਡਾ. ਰਵਜੋਤ ਨੇ ਕਿਹਾ ਕਿ ਸ਼ਹਿਰ ਅਤੇ ਇਲਾਕਿਆਂ ਨੂੰ ਸਾਫ਼-ਸੁਥਰਾ ਰੱਖਣ ਲਈ ਸਾਰੇ ਨਾਗਰਿਕਾਂ ਦੇ ਸਾਂਝੇ ਯਤਨਾਂ ਦੀ ਲੋੜ ਏ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅਸੀਂ ਆਪਣੇ ਘਰਾਂ ਵਿੱਚ ਸਾਫ਼-ਸਫ਼ਾਈ ਰੱਖਦੇ ਹਾਂ, ਉਸੇ ਤਰ੍ਹਾਂ ਸਾਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਹਰਾ ਭਰਾ  ਰੱਖਣ ਲਈ ਵੀ ਠੋਸ ਉਪਰਾਲੇ ਕਰਨੇ ਚਾਹੀਦੇ ਨੇ। ਉਨ੍ਹਾਂ ਲੋਕਾਂ ਨੂੰ ਆਪਣੇ ਆਸ-ਪੜੋਸ ਦੀ ਸਾਫ਼-ਸਫਾਈ ਅਤੇ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੰਜਾਬ ਸਰਕਾਰ ਦਾ ਸਾਥ ਦੇਣ ਦੀ ਅਪੀਲ ਕੀਤੀ। ਡਾ. ਰਵਜੋਤ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਸੂਬੇ ਭਰ ਵਿੱਚ ਨਗਰ ਨਿਗਮਾਂ ਤੇ ਕੌਂਸਲਾਂ ਦੇ ਸਟਾਫ਼ ਵੱਲੋਂ ਆਪਣੇ ਰੋਜ਼ਾਨਾ ਕੰਮ ਦੇ ਬਾਵਜੂਦ ਰੋਜ਼ਾਨਾ ਇੱਕ ਵਾਧੂ ਘੰਟਾ ਸਫਾਈ ਦੇ ਕੰਮਾਂ ਲਈ ਸਮਰਪਿਤ ਕੀਤਾ ਜਾਵੇਗਾ। ਉਨ੍ਹਾਂ ਇਸ ਮੌਕੇ ਪੀਣ ਵਾਲੇ ਸਾਫ਼ ਪਾਣੀ, ਬਿਹਤਰ

ਸੜਕੀ ਬੁਨਿਆਦੀ ਢਾਂਚਾ ਅਤੇ ਵਧੀਆ ਸੀਵਰੇਜ ਸਿਸਟਮ ਵਰਗੀਆਂ ਜ਼ਰੂਰੀ ਸਹੂਲਤਾਂ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਵੀ ਦੁਹਰਾਈ। ਮੰਤਰੀ ਨੇ ਲੋਕਾਂ ਨੂੰ  ਇਸ ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਣ ਦੀ ਅਪੀਲ ਵੀ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਇਸ ਮੁਹਿੰਮ ਦੀ ਸਫ਼ਲਤਾ ਨੂੰ ਯਕੀਨੀ ਬਣਾਉਣ ਲਈ ਵਿਅਕਤੀਗਤ ਤੌਰ 'ਤੇ ਇਸ ਦੀ ਨਿਗਰਾਨੀ ਕਰਨਗੇ । ਇਸ ਦੌਰਾਨ ਇੱਕ ਗੈਰ ਸਰਕਾਰੀ ਸੰਗਠਨ  ਜਗਦੰਬੇ ਹੈਂਡੀ-ਕ੍ਰਾਫ਼ਟਸ ਵੂਮੈਨ ਵੈੱਲਫੇਅਰ ਸੁਸਾਇਟੀ ਵੱਲੋਂ ਰਹਿੰਦ ਖ਼ੂਹੰਦ ਤੋਂ ਬਣੀਆਂ ਵਸਤਾਂ ਦੀ ਪ੍ਰਦਰਸ਼ਨੀ ਲਗਾਈ ਗਈ । ਮੰਤਰੀ ਨੇ ਪ੍ਰਦਰਸ਼ਨੀ ਦਾ ਦੌਰਾ ਕੀਤਾ ਅਤੇ ਐਨ.ਜੀ.ਓ. ਦੀਆਂ ਔਰਤਾਂ ਵੱਲੋਂ ਰਹਿੰਦ-ਖ਼ੂੰਹਦ ਨੂੰ ਵਰਤੋਂ ਯੋਗ ਵਸਤੂਆਂ ਵਿੱਚ ਤਬਦੀਲ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਸਮੇਤ ਹੋਰ ਪਤਵੰਤੇ  ਵੀ ਮੌਜੂਦ ਸਨ।

---------------------------------------------------------------

ਓਧਰ ਫਾਜ਼ਿਲਕਾ ਦੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਕੌਂਸਲ ਵਿਭਾਗ

ਵੱਲੋਂ ਸਵੱਛਤਾ ਦੀ ਲਹਿਰ ਸਫਾਈ ਪੰਦਰਵਾੜੇ ਦੀ ਸ਼ੁਰੂਆਤ ਕਰਦਿਆਂ ਸ਼ਹਿਰ ‘ਚ ਦਾਖਿਲ ਹੋਣ ਵਾਲੀਆਂ ਥਾਵਾਂ ਦੀ ਸਫਾਈ ਕਰਵਾਈ ਗਈ।ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਆਲੇ-ਦੁਆਲੇ ਦੀ ਸਫਾਈ ਰੱਖਣ ਨਾਲ ਜਿਥੇ ਉਥੋਂ ਦਾ ਇਲਾਕਾ ਗੰਦਗੀ ਮੁਕਤ ਬਣੇਗਾ ਉਥੇ ਨਾਲ-ਨਾਲ ਬਿਮਾਰੀਆਂ ਵੀ ਨਹੀਂ ਫੈਲਣਗੀਆਂ ਤੇ ਅਸੀਂ ਤੰਦਰੁਸਤ ਰਹਾਂਗੇ। ਉਨ੍ਹਾਂ bਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਫ-ਸਫਾਈ ਦੀ ਗਤੀਵਿਧੀ ਪੰਦਰਵਾੜੇ ਤੱਕ ਸੀਮਿਤ ਹੋ ਕੇ ਨਹੀਂ ਰਹਿਣੀ ਚਾਹੀਦੀ ਸਗੋਂ ਰੋਜ਼ਾਨਾ ਪੱਧਰ ‘ਤੇ ਆਪਣੀ ਜਿੰਮੇਵਾਰੀ ਸਮਝਦਿਆਂ ਘਰਾਂ ਤੇ ਨਾਲ ਹੀ ਆਲੇ – ਦੁਆਲੇ ਵੀ ਸਫਾਈ ਰਖੀਜਾਣੀ ਚਾਹੀਦੀ ਏ। ਨਗਰ ਕੌਂਸਲ ਦੇ ਸੁਪਰਡੰਟ ਨਰੇਸ਼ ਖੇੜਾ ਨੇ ਦੱਸਿਆ ਕਿ 7 ਨਵੰਬਰ ਤੱਕ ਚਲਾਈ ਜਾਵੇਗੀ ਜਿਸ ਵਿੱਚ ਵੱਖ-ਵੱਖ ਗਤੀਵਿਧੀਆਂ ਕੀਤੀਆਂ ਜਾਣਗੀਆਂ।

---------------------------------------------------------

ਪੰਜਾਬ BJP ਦੇ ਇੰਚਾਰਜ ਅਤੇ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੂਪਾਨੀ ਨੇ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਖਰੀਦ ਵਿੱਚ

ਆਈਆਂ ਮੁਸ਼ਕਲਾਂ ਦੀ ਜ਼ਿੰਮੇਵਾਰੀ, ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਏ। ਹੁਸ਼ਿਆਰਪੁਰ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਝੋਨੇ ਦੀ ਖਰੀਦ ਨਾ ਹੋਣ ਨੂੰ ਲੈ ਕੇ ਪੰਜਾਬ ਵਿੱਚ ਚੱਲ ਰਹੇ ਕਿਸਾਨਾਂ ਦੇ ਧਰਨੇ ਅਤੇ ਸੂਬਾ ਸਰਕਾਰ ਵੱਲੋਂ ਇਸ ਲਈ, ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਣ ਸਬੰਧੀ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਇਹ ਆਦਤ ਬਣ ਗਈ ਏ ਕਿ ਜਿੱਥੇ ਵੀ ਕੁਝ ਗਲਤ ਹੁੰਦਾ ਏ , ਉਹ ਦੋਸ਼ ਮੜ੍ਹਦੇ ਹਨ। ਉਨ੍ਹਾਂ ਕਿਹਾ ਝੋਨੇ ਦੀ ਖਰੀਦ ਦੀ ਦੁਰਦਸ਼ਾ ਲਈ ਸੂਬਾ ਸਰਕਾਰ ਖੁਦ ਜ਼ਿੰਮੇਵਾਰ ਏ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਝੋਨੇ ਦੀ ਖਰੀਦ ਲਈ ਅਦਾਇਗੀ ਕਰਨੀ ਹੁੰਦੀ ਏ ਅਤੇ ਇਸ ਵਾਰ ਵੀ ਇਹ ਰਕਮ 43 ਹਜ਼ਾਰ ਕਰੋੜ ਰੁਪਏ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ, ਮੰਡੀਆਂ, ਲੋਡਿੰਗ, ਸਟੋਰੇਜ ਅਤੇ ਸ਼ੈਲਰਾਂ ਦੇ ਪ੍ਰਬੰਧ ਸਮੇਤ ਸਾਰੇ ਪ੍ਰਬੰਧ ਕਰਨੇ ਪੈਂਦੇ ਨੇ, ਜਿਸ ਵਿੱਚ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਏ।

---

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਪੱਸ਼ਟ ਕੀਤਾ ਏ ਕਿ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਸਬੰਧੀ ਕਿਸੇ ਵੀ ਮਾਮਲੇ ’ਤੇ, ਕੋਈ ਵੀ ਕਾਰਵਾਈ ਕਰਨ ਤੋਂ ਪਹਿਲਾਂ, ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਜ਼ਿਕਰਯੋਗ ਏ ਕਿ ਵਿਸ਼ੇਸ਼ ਅਧਿਕਾਰਾਂ ਬਾਰੇ ਪੰਜਾਬ ਅਸੈਂਬਲੀ ਕਮੇਟੀ, ਜੋ ਸ੍ਰੀ ਸੰਧਵਾਂ ਦੀ ਨਿਗਰਾਨੀ ਹੇਠ ਏ ਵਿਸ਼ੇਸ਼ ਅਧਿਕਾਰਾਂ ਦੀ ਕਥਿਤ ਉਲੰਘਣਾ ਦੀ ਜਾਂਚ ਤੇ ਤਫ਼ਤੀਸ਼ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ। ਕਮੇਟੀ ਦੇ ਕਾਰਜਾਂ ਵਿੱਚ ਸਦਨ , ਇਸਦੀਆਂ ਕਮੇਟੀਆਂ ਅਤੇ ਮੈਂਬਰਾਂ ਦੀ ਆਜ਼ਾਦੀ, ਅਧਿਕਾਰ ਅਤੇ ਪ੍ਰਤਿਸ਼ਠਾ ਦੀ ਰਾਖੀ ਕਰਨਾ ਸ਼ਾਮਲ ਏ। ਇਸ ਦੌਰਾਨ, ਪੰਜਾਬ ਵਿਧਾਨ ਸਭਾ ਸਕੱਤਰੇਤ ਨੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਬਾਰੇ ਸ਼ਿਕਾਇਤ ਸਬੰਧੀ ਆਪਣਾ ਪੱਤਰ ਵਾਪਸ ਲੈ ਲਿਆ ਏ। ਇਹ ਪੱਤਰ 22 ਅਕਤੂਬਰ ਨੂੰ ਵਾਪਸ ਲੈ ਲਿਆ ਗਿਆ ਸੀ। ਪੰਜਾਬ ਵਿਧਾਨ ਸਭਾ ਸਕੱਤਰੇਤ ਦੇ ਬੁਲਾਰੇ ਅਨੁਸਾਰ ਜੈਤੋਂ ਦੇ ਵਿਧਾਇਕ ਅਮੋਲਕ ਸਿੰਘ ਨੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤ ਦਰਜ ਕਰਵਾਈ

ਸੀ। ਆਮ ਪ੍ਰਕਿਰਿਆ ਦੇ ਹਿੱਸੇ ਵਜੋਂ, ਪੰਜਾਬ ਵਿਧਾਨ ਸਭਾ ਸਕੱਤਰੇਤ ਨੇ ਜ਼ਿਲ੍ਹਾ ਫ਼ਰੀਦਕੋਟ ਦੇ ਸਰਕਾਰੀ ਪ੍ਰਾਇਮਰੀ ਸਕੂਲ ਗੋਦਾਰਾ ਦੇ ਅਧਿਆਪਕਾਂ ਨੂੰ ਪੱਤਰ ਭੇਜ ਕੇ ਇਸ ਮਾਮਲੇ ’ਤੇ ਸਪੱਸ਼ਟੀਕਰਨ ਮੰਗਿਆ ਸੀ। ਸਪੀਕਰ ਨੇ ਵਿਧਾਨ ਸਭਾ ਸਕੱਤਰੇਤ ਦੇ ਅਧਿਕਾਰੀਆਂ ਨੂੰ ਫ਼ਟਕਾਰ ਲਗਾਈ ਅਤੇ ਪੱਤਰ ਤੁਰੰਤ ਵਾਪਸ ਲੈਣ ਦੇ ਹੁਕਮ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਧਿਆਪਕ ਸਮਾਜ ਦਾ ਧੁਰਾ ਹੁੰਦੇ ਨੇ ਅਤੇ ਉਨ੍ਹਾਂ ਦੇ ਮਾਣ-ਸਨਮਾਨ ਨੂੰ ਬਰਕਰਾਰ ਰੱਖਣਾ ਚਾਹੀਦਾ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ITBP ਹਿਮਵੀਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇੰਡੋ-ਤਿੱਬਤ ਬਾਰਡਰ ਪੁਲਿਸ ਸਥਾਪਨਾ ਦਿਵਸ ਦੇ ਮੌਕੇ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀਮਾਨ ਮੋਦੀ ਨੇ ਕਿਹਾ ਕਿ ITBP ਲੋਕਾਂ ਦੀ ਰੱਖਿਆ ਲਈ ਬਹਾਦਰੀ ਅਤੇ ਸਮਰਪਣ ਦੇ ਪ੍ਰਤੀਕ ਦੇ ਰੂਪ ਵਿੱਚ ਉੱਚਾ ਏ, ਜਿਸ ਵਿੱਚ ਕੁਝ ਸਭ ਤੋਂ ਚੁਣੌਤੀਪੂਰਨ ਖੇਤਰਾਂ ਅਤੇ ਮੁਸ਼ਕਿਲ ਮੌਸਮ ਵਿੱਚ ਵੀ ਸ਼ਾਮਲ ਏ। ਉਨ੍ਹਾਂ ਨੇ ਕੁਦਰਤੀ ਆਫ਼ਤਾਂ ਅਤੇ ਬਚਾਅ ਕਾਰਜਾਂ

ਦੌਰਾਨ, ਉਨ੍ਹਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਜੋ ਲੋਕਾਂ ਵਿੱਚ ਬਹੁਤ ਮਾਣ ਦੀ ਭਾਵਨਾ ਪੈਦਾ ਕਰਦੇ ਨੇ । ਇਸ ਦੌਰਾਨ ਜਲੰਧਰ ਸਥਿਤ, ਇੰਡੋ-ਤਿੱਬਤੀਅਨ ਬਾਰਡਰ ਪੁਲਿਸ ਫੋਰਸ ਦੀ 30ਵੀਂ ਬਟਾਲੀਅਨ, ਨੇ "ਫੋਰਸ ਦਾ 63ਵਾਂ ਸਥਾਪਨਾ ਦਿਵਸ" ਧੂਮਧਾਮ ਨਾਲ ਮਨਾਇਆ। ਸਭ ਤੋਂ ਪਹਿਲਾਂ ਸਥਾਪਨਾ ਦਿਵਸ ਪਰੇਡ ਦੀ ਸਲਾਮੀ ਕਮਾਂਡੈਂਟ ਬੂਟਾ ਸੁਮਨ ਨੇ ਲਈ ਅਤੇ ਪਰੇਡ ਦੀ ਅਗਵਾਈ ਸਹਾਇਕ ਕਮਾਂਡੈਂਟ ਜੀ.ਡੀ. ਰੋਹਿਤ ਕੁਮਾਰ ਨੇ ਕੀਤੀ। ਇਸ ਮੌਕੇ ਕਮਾਂਡੈਂਟ ਨੇ ਫੋਰਸ ਦੇ ਸਥਾਪਨਾ ਦਿਵਸ 'ਤੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ। ਆਪਣੇ ਸੰਬੋਧਨ ਵਿੱਚ ਕਮਾਂਡੈਂਟ ਨੇ ਕਿਹਾ ਕਿ ਸਾਡੀ ਫੋਰਸ ਦਾ ਸ਼ਾਨਦਾਰ ਇਤਿਹਾਸ ਏ ਤੇ ਅੱਜ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਏ ਕਿ ਅਸੀਂ ਇਸ ਦਿਸ਼ਾ ਵਿੱਚ, ਬਲ ਦੀ ਸ਼ਾਨ ਨੂੰ ਕਾਇਮ ਰੱਖਣ ਲਈ ਦ੍ਰਿੜ ਇਰਾਦੇ ਨਾਲ ਕੰਮ ਕਰੀਏ। ਉਨ੍ਹਾਂ ਕਿਹਾ ਕਿ ਸਾਡੇ ਜਵਾਨ ਬਹਾਦਰੀ, ਲਗਨ, ਅਤੇ ਸਮਰਪਣ' ਨਾਲ ਆਪਣੀਆਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਬਹੁਤ ਵਧੀਆ ਢੰਗ ਨਾਲ ਨਿਭਾ ਰਹੇ ਨੇ। ਇਸ ਸਮੇਂ ਦੇਸ਼ ਦੀਆਂ ਸੁਰੱਖਿਆ ਲੋੜਾਂ ਬਦਲ ਰਹੀਆਂ ਹਨ, ਇਸ

ਵਿੱਚ ਸਾਨੂੰ ਹੋਰ ਸਾਵਧਾਨੀ ਨਾਲ ਕੰਮ ਕਰਨ ਦੀ ਲੋੜ ਹੈ। ਅੰਦਰੂਨੀ ਸੁਰੱਖਿਆ ਅਤੇ ਆਫ਼ਤ ਪ੍ਰਬੰਧਨ ਦੇ ਖੇਤਰ ਵਿੱਚ ਵੀ ਸਾਡੀ ਭੂਮਿਕਾ ਵਧ ਰਹੀ ਏ। ਗੁਆਂਢੀ ਦੇਸ਼ਾਂ ਦੀਆਂ ਸਰਹੱਦਾਂ ਤੇ ਵਧਦੀਆਂ ਗਤੀਵਿਧੀਆਂ ਦੇ ਮੱਦੇਨਜ਼ਰ ਸਾਨੂੰ ਹਮੇਸ਼ਾ ਸੁਚੇਤ, ਅਤੇ ਤਿਆਰ ਰਹਿਣ ਦੀ ਲੋੜ ਏ।

ਇਸ ਮੌਕੇ ਬਟਾਲੀਅਨ ਵੱਲੋਂ ਮਠਿਆਈਆਂ ਵੰਡੀਆਂ ਗਈਆਂ ਤੇ ਮੀਨਾ ਬਾਜ਼ਾਰ ਵਿਖੇ ਜਵਾਨਾਂ, ਹਿਮਵੀਰ ਪਰਿਵਾਰਾਂ ਅਤੇ ਬੱਚਿਆਂ ਦੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ।

---------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਚਾਲ ਰਹੇ ਜ਼ੋਨਲ ਯੁਵਕ ਤੇ ਵਿਰਾਸਤੀ ਮੇਲੇ ਦੇ ਕੱਲ ਤੀਜੇ ਦਿਨ ਦੇ ਵਿਦਿਆਰਥੀਆਂ ਨੇ ਆਪਣੀ ਸੱਭਿਆਚਾਰਕ ਪ੍ਰਤਿਭਾ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ। ਇਸ ਦਿਨ ਸੰਗੀਤ, ਨ੍ਰਿਤ, ਰੰਗਮੰਚ ਅਤੇ ਲਲਿਤ ਕਲਾਵਾਂ ਵਿੱਚ ਦਿਲਚਸਪ ਮੁਕਾਬਲੇ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਬਣੇ ਰਹੇ। ਇੰਸਟਾਲੇਸ਼ਨ ਵਰਗ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਪਹਿਲਾ, GGD-SD ਕਾਲਜ, ਨੇ ਪੋਸਟ ਗ੍ਰੈਜੂਏਟ ਸਰਕਾਰੀ. ਕਾਲਜ ਫਾਰ

ਗਰਲਜ਼, ਸੈਕਟਰ 11 ਨੇ ਤੀਜਾ ਸਥਾਨ ਹਾਸਲ ਕੀਤਾ । ਇਸੇ ਤਰਾਂ ਹੋਰਨਾਂ ਮੁਕਾਬਲਿਆਂ ਵਿਚ ਜੇਤੂ ਰਹੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਹ ਮੇਲਾ ਅੱਜ ਹੋਰ ਲਈ ਦਿਲਚਸਪ ਸਮਾਗਮਾਂ ਨਾਲ ਜਾਰੀ ਏ।

---------------------------------------------------------

ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਆਜੀਵਿਕਾ ਖੇਤਰੀ ਸਰਸ ਮੇਲੇ ਵਿਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੋਨਮ ਚੌਧਰੀ ਦੀ ਅਗਵਾਈ ਵਿੱਚ ਸਮਾਜਿਕ ਬੁਰਾਈਆਂ ਅਤੇ ਲੋਕ ਮੁੱਦਿਆਂ ਬਾਰੇ ਵੀ ਵੱਖ-ਵੱਖ ਮਾਧਿਅਮਾਂ ਰਾਹੀਂ ਮੇਲੀਆਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ। ਮੇਲੇ ਦਾ ਛੇਵਾਂ ਦਿਨ ਇੰਟਰਨੈੱਟ ਦੇ ਮਾਧਿਅਮ ਰਾਹੀਂ ਹੁੰਦੇ ਅਪਰਾਧਾਂ ਅਤੇ ਧੋਖਾਧੜੀ ਕਰਨ ਵਾਲਿਆਂ ਨੂੰ ਰੋਕਣ ਬਾਰੇ ਸਾਈਬਰ ਕ੍ਰਾਇਮ ਵਿਭਾਗ ਨੂੰ ਸਮਰਪਿਤ ਰਿਹਾ। ਸੂਬਾ ਸਾਈਬਰ ਕ੍ਰਾਇਮ ਦੇ ਐੱਸ ਪੀ ਜਸ਼ਨਦੀਪ ਸਿੰਘ ਗਿੱਲ ਦੀ ਅਗਵਾਈ ਵਿੱਚ ਪ੍ਰੋਗਰਾਮ ਦੌਰਾਨ ਸਾਈਬਰ ਕ੍ਰਾਇਮ ਬਾਰੇ ADGP ਵੀ. ਨੀਰਜਾ ਨੇ ਜਾਗਰੂਕ ਕਰਦਿਆਂ ਕਿਹਾ ਕਿ ਜੇਕਰ ਤੁਹਾਡੇ ਨਾਲ਼ ਇੰਟਰਨੈੱਟ ਦੇ ਉੱਤੇ ਕਿਸੇ ਵੀ

ਤਰ੍ਹਾਂ ਦੀ ਧੋਖਾਧੜੀ ਹੁੰਦੀ ਏ ਤਾਂ ਇਸ ਦੀ ਸੂਚਨਾ ਤੁਰੰਤ ਸਾਈਬਰ ਕ੍ਰਾਇਮ ਚੈੱਟ ਐਪ ਦੇ ਉੱਤੇ ਸਾਂਝੀ ਕੀਤੀ ਜਾਵੇ ਅਤੇ 1930 ਟੋਲ ਫ੍ਰੀ ਨੰਬਰ ਉੱਤੇ ਇਸ ਦੀ ਰਿਪੋਰਟ ਦਰਜ ਕਾਰਵਾਈ ਜਾਵੇ।

---------------------------------------------------------------

ਪੰਜਾਬ 'ਚ ਡੇਂਗੂ ਦੀ ਰੋਕਥਾਮ ਅਤੇ ਸੰਬੰਧਿਤ ਉਪਾਵਾਂ ਲਈ ਵਖ –ਵਖ ਜ਼ਿਲਾ ਪ੍ਰਸ਼ਾਸਨ ਵੱਲੋਂ ਇਸ ਬਾਰੇ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਨੇ। ਇਸੇ ਸੰਬੰਧ 'ਚ ਫਾਜ਼ਿਲਕਾ ਦੇ ਵਧੀਕ ਡਿਪਟੀ ਕਮਿਸ਼ਨਰ ਸ਼ੁਭਾਸ ਚੰਦਰ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਵਿੱਚ ਫੋਗਿੰਗ ਕਰਵਾਉਣ ਦੇ ਮਕਸਦ ਨਾਲ ਮੀਟਿੰਗ ਹੋਈ। ਓਹਨਾਂ ਨੇ ਸਬੰਧਤਾਂ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ। ਓਹਨਾਂ ਅਪੀਲ ਕੀਤੀ ਕਿ ਉਹ ਡੇਂਗੂ ਸੀਜ਼ਨ ਨੂੰ ਮੁੱਖ ਰੱਖਦਿਆਂ ਜਾਗਰੂਕ ਗਤੀਵਿਧੀਆਂ ਸ਼ੁਰੂ ਕਰਦਿਆਂ ਸਿਹਤ ਵਿਭਾਗ ਨੂੰ ਸਹਿਯੋਗ ਕਰਨ। ਸਿਹਤ ਵਿਭਾਗ ਮੋਹਾਲੀ ਨੇ ਵੀ ਮੁੱਖ ਬਾਜ਼ਾਰਾਂ ਵਿਚ ਡੇਂਗੂ ਖਿਲਾਫ ਜਾਗਰੂਕਤਾ ਰੈਲੀ ਕੱਢੀ। ਰੈਲੀ ਦੌਰਾਨ ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਸਬੰਧੀ ਪੈਂਫ਼ਲੈਂਟ

ਵੰਡੇ ਗਏ। ਜ਼ਿਕਰ ਯੋਗ ਏ ਕਿ ਡੇਂਗੂ ਬੁਖ਼ਾਰ ਦਾ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਬਿਲਕੁਲ ਮੁਫ਼ਤ ਹੁੰਦਾ ਏ ਅਤੇ ਕਿਸੇ ਵੀ ਜਾਣਕਾਰੀ ਲਈ ਸਿਹਤ ਵਿਭਾਗ ਦੇ ਹੈਲਪਲਾਈਨ ਨੰ. 104 ’ਤੇ ਸੰਪਰਕ ਕੀਤਾ ਜਾ ਸਕਦਾ ਏ.

---------------------------------------------------------------

ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਚ ਪਰਾਲੀ ਦੇ ਸੁਚੱਜੇ ਢੰਗ ਨਾਲ ਸਾਂਭ-ਸੰਭਾਲ ਦੇ ਉਦੇਸ਼ ਤਹਿਤ, ਗੁਰੂ ਅੰਗਦ ਦੇਵ ਵੈਟਰਨਰੀ ਅਤੇ ਪਸ਼ੂ ਵਿਗਿਆਨ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਐਸ. ਏ. ਐਸ. ਨਗਰ ਵਲੋਂ ਝੋਨੇ ਦੀ ਪਰਾਲੀ ਨਾ ਜਲਾਉਣ ਸੰਬੰਧੀ ਪ੍ਰੋਜੈਕਟ ਦੇ ਅਧੀਨ ਇਕ ਦਿਨਾਂ ਜਾਗਰੂਕਤਾ ਕੈਂਪ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਹੁਸ਼ਿਆਰਪੁਰ ਵਿਖੇ ਲਗਾਇਆ ਗਿਆ। ਇਹ ਕੈਂਪ ਡਿਪਟੀ ਡਾਇਰੈਕਟਰ ਡਾ. ਬਲਬੀਰ ਸਿੰਘ ਖੱਦਾ ਦੀ ਅਗਵਾਈ ਹੇਠ ਕਰਵਾਇਆ ਗਿਆ। ਕੈਂਪ ਵਿਚ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਸੰਬੰਧੀ ਪੋਸਟਰ ਮੈਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ ਜਿਸ ਵਿਚ 100 ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ

ਲਿਆ। ਡਾ. ਪਾਰੁਲ ਗੁਪਤਾ ਨੇ ਪਰਾਲੀ ਤੋਂ ਹੋਣ ਵਾਲੇ ਨੁਕਸਾਨ ਅਤੇ ਓਹਨਾ ਦੀ ਸਾਂਭ ਸੰਭਾਲ ਬਾਰੇ ਤਕਨੀਕੀ ਜਾਣਕਾਰੀ ਵੀ ਦਿੱਤੀ। ਡਾ. ਕੋਮਲ ਨੇ ਪਰਾਲੀ ਨੂੰ ਯੂਰੀਆ ਨਾਲ ਸੋਧ ਕੇ ਪਸ਼ੂਆਂ ਦੀ ਖੁਰਾਕ ਵਿਚ ਵਰਤਣ ਦੇ ਤਰੀਕਿਆਂ ਬਾਰੇ ਦਸਿਆ। ਡਾ. ਬਲਬੀਰ ਸਿੰਘ ਖੱਦਾ ਨੇ ਪਸ਼ੂ ਫਾਰਮ ਤੇ ਪਰਾਲੀ ਦੇ ਸੁਚੱਜੇ ਪਰਬੰਧਨ ਬਾਰੇ ਜਾਣਕਾਰੀ ਦਿੱਤੀ। ਪਿੰਡ ਦੇ ਲੋਕਾਂ ਵਿਚ ਜਾਗਰੂਕਤਾ ਫੈਲਾਉਣ ਲਈ ਸਕੂਲ ਦੇ ਵਿਦਿਆਰਥੀਆਂ ਦੁਆਰਾ ਇਕ ਰੈਲੀ ਵੀ ਕੱਢੀ ਗਈ |

---------------------------------------------------------

ਸਿਹਤ ਵਿਭਾਗ ਦੀ ਟੀਮ ਨੇ ਅੰਮ੍ਰਿਤਸਰ ਦੇ ਸਿਟੀ ਸੈਂਟਰ ਛਾਪਾ ਮਾਰਿਆ। ਟੀਮ ਨੂੰ ਇਸ ਦੌਰਾਨ ਕਰੀਬ 10 ਕੁਇੰਟਲ ਨਕਲੀ ਖੋਇਆ ਬਰਾਮਦ ਹੋਇਆ। ਸਿਹਤ ਵਿਭਾਗ ਦੀ ਟੀਮ ਜਦੋਂ ਸਿਟੀ ਸੈਂਟਰ ਪੁੱਜੀ ਤਾਂ ਇੱਕ ਬੱਸ ਦੇ ਵਿੱਚ ਰਾਜਸਥਾਨ ਤੋਂ 10 ਕੁਇੰਟਲ ਦੇ ਕਰੀਬ ਨਕਲੀ ਆ ਲਿਆਂਦਾ ਗਿਆ ਸੀ ਜੋ ਅੰਮ੍ਰਿਤਸਰ ਵਿੱਚ ਸਪਲਾਈ ਹੋਣਾ ਸੀ। ਸਿਹਤ ਵਿਭਾਗ ਦੇ ਅਧਿਕਾਰੀ ਨੇ ਦੱਸਿਆ ਕਿ ਜਾਂਚ ਕੀਤੀ ਜਾ ਰਹੀ ਏ ਕਿ ਇਹ ਖੋਇਆ ਕਿਸ ਕੋਲੋਂ ਅੰਮ੍ਰਿਤਸਰ ਵਿੱਚ ਮੰਗਵਾਇਆ ਗਿਆ ਸੀ

ਤੇ ਇਹਦੇ ਸੈਂਪਲ ਵੀ ਟੈਸਟ ਲਈ ਭੇਜੇ ਜਾਣਗੇ ਤੇ ਰਿਪੋਰਟ ਆਉਣ ਦੇ ਬਾਅਦ ਹੀ ਜੋ ਬਣਦੀ ਕਾਰਵਾਈ ਉਹ ਕੀਤੀ ਜਾਵੇਗੀ।ਉਹਨਾਂ ਕਿਹਾ ਕਿ ਕਿਸੇ ਨੂੰ ਵੀ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਸਰਕਾਰ ਵੱਲੋਂ ਸਖਤ ਹਦਾਇਤਾਂ ਹਨ ਜੋ ਵੀ ਨਕਲੀ ਜਾ ਮਾੜੀ ਗੁਣਵੱਤਾ ਦਾ ਸਮਾਨ ਬਾਜ਼ਾਰ ਵਿੱਚ ਵੇਚਣ ਵਾਲੇ ਲੋਕਾਂ 'ਤੇ ਸਖਤ ਕਾਰਵਾਈ ਕੀਤੀ ਜਾਵੇ।

---------------------------------------------------------

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਅੰਦਰ 13 ਨਵੰਬਰ ਨੂੰ ਹੋਣ ਵਾਲੀਆਂ ਚਾਰ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਨਾ ਲੜਨ ਦਾ ਫ਼ੈਸਲਾ।
- ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਵੱਲੋਂ, 'ਸਵੱਛਤਾ ਦੀ ਲਹਿਰ' ਮੁਹਿੰਮ ਦੀ ਸ਼ੁਰੂਆਤ- ਲੋਕਾਂ ਨੂੰ ਆਪੋ-ਆਪਣੇ ਇਲਾਕਿਆਂ ਵਿੱਚ ਸਾਫ਼-ਸਫਾਈ ਦੀ ਜ਼ਿੰਮੇਵਾਰੀ ਲੈਣ ਦੀ ਕੀਤੀ ਅਪੀਲ।

- ਸਪੀਕਰ ਦੀ ਫਟਕਾਰ ਤੋਂ ਬਾਅਦ, ਪੰਜਾਬ ਵਿਧਾਨ ਸਭਾ ਨੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਸਬੰਧੀ ਪੱਤਰ ਲਿਆ ਵਾਪਸ ਲਿਆ।
- ਭਾਰਤ -ਤਿੱਬਤ ਸਰਹੱਦੀ ਪੁਲਿਸ ਆਪਣਾ 63ਵਾਂ ਸਥਾਪਨਾ ਦਿਵਸ ਮਨਾ ਰਹੀ ਏ -ਪ੍ਰਧਾਨ ਮੰਤਰੀ ਨੇ ਕਿਹਾ- ITBP ਲੋਕਾਂ ਦੀ ਰੱਖਿਆ ਲਈ ਬਹਾਦਰੀ ਅਤੇ ਸਮਰਪਣ ਦਾ ਪ੍ਰਤੀਕ ਏ।